# ਰਾਸ਼ਟਰੀ ਏਕਤਾ ਦਾ ਪ੍ਰਤੀਕ : ਗੁਰੂ ਗ੍ਰੰਥ ਸਾਹਿਬ

ਡਾ. ਜਗਬੀਰ ਸਿੰਘ*

ਭਾਰਤ ਉਪ-ਮਹਾਦੀਪ ਦੇ ਵਡੇਰੇ ਭੂਖੰਡ ਉੱਤੇ ਫੈਲਿਆ ਇੱਕ ਅਜਿਹਾ ਵਿਸ਼ਾਲ ਗਣਰਾਜ ਹੈ ਜਿਸਦਾ ਸਭਿਆਚਾਰਕ ਇਤਿਹਾਸ ਤਕਰੀਬਨ ਪੰਜ ਹਜ਼ਾਰ ਸਾਲ ਪੁਰਾਣਾ ਹੈ। ਪੁਰਾਤਨ ਸਭਿਅਤਾ ਦੇ ਵਾਰਸ, ਇਸ ਦੇਸ ਵਿਚ ਅਨੇਕਾਂ ਰੰਗਾਂ, ਨਸਲਾਂ, ਧਰਮਾਂ, ਫਿਰਕਿਆਂ ਅਤੇ ਜਾਤ-ਬਰਾਦਰੀਆਂ ਦੇ ਲੋਕ ਵਸਦੇ ਹਨ ਜਿਨ੍ਹਾਂ ਦੀਆਂ ਆਪੋ ਆਪਣੀਆਂ ਖੇਤਰੀ, ਭਾਸ਼ਾਈ ਤੇ ਸਭਿਆਚਾਰਕ ਪਰੰਪਰਾਵਾਂ ਹਨ। ਇਨ੍ਹਾਂ ਭਿੰਨਤਾਵਾਂ ਤੇ ਵਿਲੱਖਣਤਾਵਾਂ ਨੂੰ ਇਕਮੁੱਠ ਕਰਕੇ ਏਕਤਾ ਦੇ ਸੂਤਰ ਵਿਚ ਪਰੋਣਾ ਸ਼ੁਰੂ ਤੋਂ ਹੀ ਇਕ ਮਹਤਵਪੂਰਣ ਰਾਸ਼ਟਰੀ ਮੁੱਦਾ ਬਣਿਆਂ ਰਿਹਾ ਹੈ। ਸ਼ਾਇਦ ਇਸੇ ਚੇਤਨਾ ਅਧੀਨ ਹੀ ਆਜ਼ਾਦੀ ਹਾਸਿਲ ਕਰਨ ਤੋਂ ਬਾਦ ਸਾਡੇ ਸੂਝਵਾਨ ਕੌਮੀ ਨੇਤਾਵਾਂ ਨੇ ਰਾਸ਼ਟਰੀ ਇਕਮੁੱਠਤਾ ਸਮਿਤੀ (ਨੈਸ਼ਨਲ ਇਨਟੈਗਰੇਸ਼ਨ ਕਾਊਂਸਿਲ) ਵਰਗੀ ਮਹੱਤਵਪੂਰਣ ਸੰਸਥਾ ਦਾ ਗਠਨ ਕਰਨਾ ਉਚਿਤ ਸਮਝਿਆ ਸੀ। ਇਸੇ ਕਾਊਂਸਿਲ ਦੀ ਇਕ ਮੀਟਿੰਗ ਵਿਚ ਇਕ ਉੱਘੇ ਰਾਜਸੀ ਨੇਤਾ ਨੇ ਅਜੋਕੀ ਸੰਕਟ-ਸਥਿਤੀ ਨੂੰ ਅਨੁਭਵ ਕਰਦਿਆਂ ਆਖਿਆ –

"National Integration remains a crucial issue in India, notwithstanding the fact that we boast of a civilization, which is nearly 5000 years old. True, some of the divisive factors may be inherent in the history, geography and culture of our country, but there are also forces, which accentuate these factors. Religious fundamentalism is one such force while linguistic diversities constitute another. There are people in this country who hold an exclusive view of religion which drives them into a sectarian frenzy that does not admit of tolerance of other faiths. Despite a shared culture of so many years, linguistic diversities have often generated tensions and conflicts amongst different communities threatening the fabric of national unity. The same holds good for regionalism exacerbated no doubt by inequitable development amongst different regions of the country. The age – old caste system has also contributed in no small measure to weaken the bond of unity among different sections of the society. All the above forces and factors do pose a serious challenge to India's unity and integrity and, therefore, conscious efforts will have to be made by all concerned to preserve the same."

ਮਸਲਾ ਇਹ ਹੈ ਕਿ ਜਿਸ ਦੇਸ ਵਿਚ ਤਕਰੀਬਨ 22 ਮੁੱਖ ਭਾਸ਼ਾਵਾਂ ਅਤੇ 800 ਦੇ ਕਰੀਬ ਉਪ-ਭਾਸ਼ਾਵਾਂ ਬੋਲੀਆਂ ਜਾਂਦੀਆਂ ਹੋਣ ਅਤੇ ਦੁਨੀਆਂ ਦੇ ਤਕਰੀਬਨ ਸਾਰੇ ਮੁੱਖ ਧਰਮਾਂ ਦੇ ਲੋਕ ਵਸਦੇ ਹੋਣ ਉਸ ਨੂੰ ਇਕਮੁੱਠ ਕਿਵੇਂ ਰੱਖਿਆ ਜਾਵੇ? ਜ਼ਾਹਰ ਹੈ ਕਿ ਇਸ ਮੰਤਵ ਲਈ ਰਾਸ਼ਟਰੀ ਪੱਧਰ ਉੱਤੇ ਬਹੁ-ਵੰਨੇ ਉਪਰਾਲਿਆਂ ਦੀ ਜ਼ਰੂਰਤ

* ਸਾਬਕਾ ਪ੍ਰੋਫੈਸਰ ਤੇ ਮੁਖੀ, ਪੰਜਾਬੀ ਵਿਭਾਗ, ਦਿੱਲੀ ਯੂਨੀਵਰਸਿਟੀ, ਦਿੱਲੀ।

ਹੈ। ਇਸਦਾ ਇਕ ਉਪਰਾਲਾ ਜੇ ਵਿਤਕਰਿਆ ਅਤੇ ਨਾ-ਬਰਾਬਰੀਆਂ ਨੂੰ ਦੂਰ ਕਰਨ ਵਾਲੇ ਸਮਾਜਕ ਨਿਆਂ ਸੰਕੇਤ ਕਰਦਾ ਹੈ ਤਾਂ ਦੂਸਰਾ ਰਸਤਾ ਸੰਵਾਦ ਅਤੇ ਸੁਮੇਲ ਦਾ ਰਸਤਾ ਹੈ ਜਿਸਦੀ ਧਾਰਮਿਕ ਵੈਰ-ਵਿਰੋਧ ਦੇ ਅਜੋਕੇ ਦੌਰ ਵਿਚ ਹੋਰ ਵੀ ਵਧੇਰੇ ਲੋੜ ਹੈ। ਕੌਮਾਂਤਰੀ ਸੰਸਥਾ UNESCO ਨੇ ਵੀ ਧਾਰਮਿਕ ਮੂਲਵਾਦ ਦੇ ਵਿਸ਼ਵ-ਵਿਆਪੀ ਖ਼ਤਰੇ ਨੂੰ ਅਨੁਭਵ ਕਰਦਿਆ ਇਸੇ ਕਿਸਮ ਦੇ ਅੰਤਰ-ਧਰਮ ਸੰਵਾਦ ਦੀ ਅਨਿਵਾਰਤਾ ਵਲ ਸੰਕੇਤ ਕੀਤਾ ਹੈ।[1] ਸਮਕਾਲੀ ਵਿਸ਼ਵ ਦੇ ਪ੍ਰਸੰਗ ਵਿਚ UNESCO ਦਾ ਇਹ ਉਪਰਾਲਾ ਸਾਨੂੰ ਆਪਣੇ ਵਿਰਸੇ ਦੇ ਉਨ੍ਹਾਂ ਸਦੀਵੀ ਪ੍ਰੇਰਣਾ-ਸਰੋਤਾਂ ਨੂੰ ਮੁੜ ਵਿਚਾਰਨ ਲਈ ਵੀ ਪ੍ਰੇਰਦਾ ਹੈ ਜਿਨ੍ਹਾਂ ਵਿਚ ਇਸੇ ਕਿਸਮ ਦੇ ਅੰਤਰ-ਧਰਮ ਸੰਵਾਦ ਦੀ ਜੀਵੰਤ ਪਰੰਪਰਾ ਮੌਜੂਦ ਹੈ। ਇਸ ਮੰਤਵ ਲਈ ਸਾਨੂੰ ਆਪਣੇ ਵਿਰਸੇ ਦੇ ਉਸ ਗੌਰਵਮਈ ਸਭਿਆਚਾਰਕ ਇਤਿਹਾਸ ਨੂੰ ਫਰੋਲਣਾ ਪਵੇਗਾ ਜਿਸ ਵਿਚ ਸਾਡੀ ਰਾਸ਼ਟਰੀ ਪਛਾਣ ਦੇ ਬੀਜ ਛੁਪੇ ਹੋਏ ਹਨ। ਸੱਭ ਤੋਂ ਪਹਿਲਾਂ ਸਾਡਾ ਧਿਆਨ ਰਿਗਵੇਦ ਕਾਲੀਨ ਭਾਰਤ ਵਲ ਜਾਂਦਾ ਹੈ ਜਦੋਂ ਆਰੀਆ ਅਤੇ ਪੂਰਬ-ਆਰੀਆ ਸੰਸਕ੍ਰਿਤੀਆਂ ਆਪਣੇ ਮੁੱਢਲੇ ਟਕਰਾਉ ਤੋਂ ਬਾਦ ਸੰਵਾਦ ਅਤੇ ਸੁਮੇਲ ਰਾਹੀਂ ਚਿੰਤਨ ਅਤੇ ਚੇਤਨਾ ਦੇ ਨਵੇਂ ਦੌਰ ਦੀ ਸ਼ੁਰੂਆਤ ਕਰਦੀਆਂ ਹਨ। ਇਹ ਦੌਰ ਧਰਮ, ਦਰਸ਼ਨ, ਸਾਹਿਤ, ਸੰਗੀਤ, ਕਲਾ ਅਤੇ ਗਿਆਨ-ਸ਼ਾਸਤਰ ਦੇ ਖੇਤਰ ਵਿਚ ਵਡਮੁੱਲਆਂ ਪ੍ਰਾਪਤੀਆਂ ਦਾ ਦੌਰ ਹੈ। ਇਸੇ ਦੌਰ ਵਿਚ ਹੀ ਹਿੰਦੂਮਤ, ਬੌਧ ਅਤੇ ਜੈਨ ਧਰਮ-ਸੰਸਕ੍ਰਿਤੀਆਂ ਦਾ ਸਮਾਨੰਤਰ ਵਿਕਾਸ ਹੋਇਆ ਜਿਸਨੇ ਸਾਡੀ ਵੰਨ-ਸੁਵੰਨੀ ਰਾਸ਼ਟਰੀ ਚੇਤਨਾ ਅਤੇ ਪਛਾਣ ਦਾ ਮੁੱਢ ਬੰਨ੍ਹਿਆਂ। ਜ਼ਾਹਰ ਹੈ ਕਿ ਇਹ ਪਛਾਣ ਅਨੇਕਤਾ ਵਿਚ ਏਕਤਾ ਦੇ ਸੂਤਰ ਤਲਾਸ਼ ਕਰਨ ਅਤੇ ਭਿੰਨਤਾਵਾਂ ਦਾ ਆਦਰ ਕਰਨ ਵਾਲੀ ਸੰਵਾਦੀ ਬਿਰਤੀ ਰਾਹੀਂ ਸਥਾਪਿਤ ਹੁੰਦੀ ਹੈ।

ਮੱਧਕਾਲੀਨ ਭਾਰਤ ਵਿਚ ਸਾਡੀ ਰਾਸ਼ਟਰੀ ਪਛਾਣ ਦਾ ਇਕ ਵਾਰੀ ਫੇਰ ਪੁਨਰ-ਗਠਨ ਹੁੰਦਾ ਹੈ। ਇਸ ਦੌਰ ਦੀ ਸ਼ੁਰੂਆਤ ਭਾਰਤ ਵਿਚ ਸਾਮੀ ਸਭਿਆਚਾਰ ਦੇ ਪ੍ਰਵੇਸ਼ ਨਾਲ ਹੁੰਦੀ ਹੈ। ਭਾਰਤ ਦੀ ਉੱਤਰ-ਪੱਛਮੀ ਸੀਮਾ ਵਲੋਂ ਹਮਲਾਵਰ ਦੇ ਰੂਪ ਵਿਚ ਪ੍ਰਵੇਸ਼ ਕਰਨ ਵਾਲੇ ਇਸ ਸਭਿਆਚਾਰ ਨੇ ਪਹਿਲੋਂ ਪਹਿਲ ਪੰਜਾਬ ਅਤੇ ਉਸਦੇ ਨਾਲ ਲਗਦੇ ਇਲਾਕਿਆਂ ਨੂੰ ਨਿਰੰਤਰ ਹਮਲਿਆਂ ਰਾਹੀਂ ਧਾੜਵੀ ਲੁੱਟ-ਖਸੁੱਟ ਦਾ ਸ਼ਿਕਾਰ ਬਣਾਇਆ। ਇਥੇ ਖ਼ਾਸ ਤੌਰ ਤੇ ਮਹਿਮੂਦ ਗ਼ਜ਼ਨਵੀ ਅਤੇ ਮੁਹੰਮਦ ਗ਼ੌਰੀ ਵਰਗੇ ਹਮਲਾਵਰਾਂ ਦੀਆਂ ਮੁਹਿੰਮਾਂ ਦਾ ਜ਼ਿਕਰ ਕੀਤਾ ਜਾ ਸਕਦਾ ਹੈ। ਇਨ੍ਹਾਂ ਉਪਰੋਥਲੀ ਹਮਲਿਆਂ ਨੇ ਆਪਸ ਵਿਚ ਪਾਟੋ-ਧਾੜ ਹੋਏ ਰਾਜਪੂਤ ਸ਼ਾਸਕਾਂ ਦੀ ਸੈਨਿਕ ਸ਼ਕਤੀ ਨੂੰ ਨਸ਼ਟ ਕਰਕੇ ਭਾਰਤ ਵਿਚ ਇਸਲਾਮੀ ਹਕੂਮਤ ਦਾ ਰਾਹ ਪੱਧਰਾ ਕਰ ਦਿੱਤਾ। ਆਖ਼ਿਰਕਾਰ ਇਕ ਹਜ਼ਾਰ ਈਸਵੀ ਦੇ ਲਾਗੇ ਚਾਗੇ ਇਨ੍ਹਾਂ ਹਮਲਾਵਰਾਂ ਨੇ ਭਾਰਤ ਵਿਚ ਆਪਣੀ ਸਲਤਨਤ ਕਾਇਮ ਕਰ ਲਈ। ਪਹਿਲੋਂ ਪੰਜਾਬ ਵਿਚ ਅਤੇ ਫੇਰ ਦਿੱਲੀ ਅਤੇ ਉਸ ਤੋਂ ਪਾਰਲੇ ਇਲਾਕਿਆਂ ਨੂੰ ਇਸ ਸਲਤਨਤ ਵਿਚ ਸ਼ਾਮਿਲ ਕਰ ਲਿਆ ਗਿਆ। 1526 ਈਸਵੀ ਵਿਚ ਬਾਬਰ ਦੇ ਹਮਲੇ ਤੋਂ ਬਾਦ ਇਥੇ ਚਿਰਸਥਾਈ ਮੁਗ਼ਲ ਹਕੂਮਤ ਕਾਇਮ ਹੋ ਗਈ ਜਿਸਦਾ ਦੌਰ ਉੱਨੀਂਵੀ ਸਦੀ ਦੇ ਅੱਧ ਤਕ ਜਾਰੀ ਰਹਿੰਦਾ ਹੈ।

ਮੁਸਲਿਮ ਸ਼ਾਸਨ ਦੌਰਾਨ ਇਸਦੇ ਕਈ ਹਾਕਮਾਂ ਦੀ ਕੱਟੜ ਮਜ਼੍ਹਬੀ ਨੀਤੀ ਕਾਰਨ ਗ਼ੈਰ-ਮੁਸਲਿਮ ਪਰਜਾ ਨੂੰ ਅਨੇਕਾਂ ਵਾਰੀ ਆਪਣੇ ਪੂਜਾਸਥਾਨਾਂ ਦੀ ਬੇ-ਹੁਰਮਤੀ, ਜਬਰੀ ਧਰਮ-ਪਰਿਵਰਤਨ ਅਤੇ ਜਜ਼ੀਏ ਵਰਗੀਆਂ

[1] UNESCO's Interreligious Dialogue programme, an essential component of Intercultural Dialogue, aims to promote dialogue among different religions, spiritual and humanistic traditions in a world where conflicts are increasingly associated with religious belonging. It stresses the reciprocal interactions and influences between, on the one hand, religions, spiritual and humanistic traditions, and on the other, the need to promote understanding between them in order to challenge ignorance and prejudices and foster mutual respect.

ਅਪਮਾਨਜਨਕ ਕਾਰਵਾਈਆਂ ਦਾ ਸਾਮ੍ਹਣਾ ਕਰਨਾ ਪਿਆ। ਇਸ ਤਰ੍ਹਾਂ ਮੁਸਲਿਮ ਸ਼ਾਸਕਾਂ ਅਤੇ ਗ਼ੈਰ-ਮੁਸਲਿਮ ਪਰਜਾ ਵਿਚਕਾਰ ਬੇ-ਭਰੋਸਗੀ ਅਤੇ ਅਲਗਾਉ ਦੀ ਭਾਵਨਾ ਫੈਲਦੀ ਗਈ। ਪਰ ਇਸੇ ਦੌਰਾਨ ਹੀ ਭਾਰਤ ਵਿਚ ਮੁਸਲਿਮ ਸੂਫ਼ੀ ਫ਼ਕੀਰਾਂ ਦਾ ਆਗਮਨ ਵੀ ਹੋਇਆ ਜਿਨ੍ਹਾਂ ਨੇ ਕੁਰਾਨ ਸ਼ਰੀਫ਼ ਦੇ ਅੰਦਰੂਨੀ / ਅਧਿਆਤਮਕ ਅਰਥਾਂ ਦੀ ਤਲਾਸ਼ ਰਾਹੀਂ ਇਸਲਾਮ ਦੀ ਰਹੱਸਵਾਦੀ ਵਿਆਖਿਆ ਦਾ ਮੁੱਢ ਬੰਨ੍ਹਿਆਂ ਅਤੇ ਬੰਦੇ ਅਤੇ ਖ਼ੁਦਾ ਦੀ ਰੂਹਾਨੀ ਏਕਤਾ ਅਤੇ ਅਭੇਦਤਾ (ਤਸੱਵੁਫ਼) ਉੱਪਰ ਬਲ ਦਿੱਤਾ। ਸੂਫ਼ੀਆਂ ਦੀ ਜੀਵਨ-ਵਿਧੀ ਅਤੇ ਵਿਚਾਰਧਾਰਾ ਸ਼ਰ੍ਹਈ ਇਸਲਾਮ ਦੀ ਕੱਟੜਤਾ ਦੇ ਵਿਰੋਧ ਵਿਚ ਉਦਾਰ-ਮਾਨਵਵਾਦੀ ਭਾਵਨਾ ਦੀ ਲਖਾਇਕ ਸੀ।

ਇਸੇ ਦੌਰ ਵਿਚ ਹੀ ਭਾਰਤ ਵਿਚ ਸਭਿਆਚਾਰਕ ਨਵ-ਜਾਗ੍ਰਿਤੀ ਦੀ ਇਕ ਸ਼ਕਤੀਸ਼ਾਲੀ ਲਹਿਰ ਦਾ ਉਭਾਰ ਸਾਮ੍ਹਣੇ ਆਉਂਦਾ ਹੈ ਜਿਸਨੂੰ ਇਤਿਹਾਸਕਾਰਾਂ ਨੇ ਭਗਤੀ-ਲਹਿਰ ਦਾ ਨਾਮ ਦਿੱਤਾ ਹੈ। ਇਸ ਲਹਿਰ ਨੇ ਹਿੰਦੂ ਧਾਰਮਿਕ ਵਿਰਸੇ ਦੀ ਪੁਨਰ-ਵਿਆਖਿਆ ਕਰਦਿਆਂ ਜਾਤੀ-ਪ੍ਰਥਾ, ਕਰਮਕਾਂਡ ਅਤੇ ਆਡੰਬਰ-ਯੁਕਤ ਸਾਧਨਾ ਨੂੰ ਰੱਦ ਕਰਕੇ ਪ੍ਰੇਮਾ-ਭਗਤੀ ਦਾ ਰੂਹਾਨੀ ਮਾਰਗ ਸੁਝਾਇਆ ਜਿਸਨੂੰ ਹਰ ਕੋਈ ਆਪਣਾ ਸਕਦਾ ਸੀ। ਇਸ ਤੋਂ ਇਲਾਵਾ ਭਗਤੀ ਲਹਿਰ ਦੇ ਸੰਤਾਂ ਅਤੇ ਭਗਤਾਂ ਨੇ ਦਸ਼ਿਤ ਅਤੇ ਦਮਨ ਦੀ ਸ਼ਿਕਾਰ ਲੋਕਾਈ ਦੇ ਹਾਰੇ ਹੋਏ ਮਨੋਬਲ ਨੂੰ ਉੱਚਾ ਕਰਨ ਵਿਚ ਵੀ ਸਹਾਇਤਾ ਕੀਤੀ। ਸਿੱਖ-ਲਹਿਰ ਨੂੰ ਇਸ ਮੱਧਕਾਲੀਨ ਭਗਤੀ ਲਹਿਰ ਦਾ ਸਿਖਰ ਮੰਨਿਆਂ ਜਾ ਸਕਦਾ ਹੈ ਜਿਸਨੇ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਦੇ ਰੂਪ ਵਿਚ ਇਸਨੂੰ ਕ੍ਰਾਂਤੀਕਾਰੀ ਚੇਤਨਾ ਦਾ ਸਦੀਵੀ ਪ੍ਰੇਰਣਾ-ਸਰੋਤ ਬਣਾ ਦਿੱਤਾ।

ਅੱਜ ਤੋਂ ਚਾਰ ਸੌ ਸਾਲ ਪਹਿਲਾਂ ਗੁਰੂ ਅਰਜਨ ਦੇਵ ਦੁਆਰਾ ਰਚੇ ਗਏ ਇਸ ਮਹਾਂ-ਗ੍ਰੰਥ ਦੀ ਮੁੱਖ ਵਿਸ਼ੇਸ਼ਤਾ ਇਹ ਹੈ ਇਸ ਵਿਚ ਸਿੱਖ ਗੁਰੂ-ਵਿਅਕਤੀਆਂ ਦੀ ਬਾਣੀ ਤੋਂ ਇਲਾਵਾ ਭਾਰਤੀ ਉਪ-ਮਹਾਂਦੀਪ ਦੇ ਭਿੰਨ-ਭਿੰਨ ਭੂਗੋਲਿਕ ਖਿੱਤਿਆਂ, ਖੇਤਰੀ ਸਭਿਆਚਾਰਾਂ, ਧਰਮ-ਸੰਪ੍ਰਦਾਵਾਂ ਅਤੇ ਜਾਤ-ਬਰਾਦਰੀਆਂ ਨਾਲ ਸੰਬੰਧਿਤ ਪ੍ਰਮੁੱਖ ਸੰਤਾਂ, ਭਗਤਾਂ ਅਤੇ ਸੂਫ਼ੀ ਸੰਤ ਬਾਬਾ ਫ਼ਰੀਦ ਦੀ ਬਾਣੀ ਵੀ ਸ਼ਾਮਿਲ ਹੈ, ਜੋ ਇਸ ਨੂੰ ਸਰਬ-ਭਾਰਤੀ ਅਤੇ ਅਦੁੱਤੀ ਮਹੱਤਵ ਪ੍ਰਦਾਨ ਕਰਦੀ ਹੈ। ਇਸਦੀ ਸਿਰਜਣਾ ਤੇ ਸੰਕਲਪਨਾ ਦੇ ਪਿਛੋਕੜ ਵਿਚ ਇਕ ਅਜਿਹੀ ਉਦਾਰ ਮਾਨਵਵਾਦੀ ਵਿਸ਼ਵ-ਦ੍ਰਿਸ਼ਟੀ ਕਾਜਸ਼ੀਲ ਨਜ਼ਰ ਆਉਂਦੀ ਹੈ ਜੋ ਧਾਰਮਿਕ ਸਹਿਨਸ਼ੀਲਤਾ ਅਤੇ ਸਭਿਆਚਾਰਕ ਸੁਮੇਲ ਦੀ ਭਾਵਨਾ ਨੂੰ ਉਜਾਗਰ ਕਰਦੀ ਹੈ ਅਤੇ ਭਿੰਨਤਾਵਾਂ ਦਾ ਆਦਰ ਕਰਨਾ ਸਿਖਾਉਂਦੀ ਹੈ। ਇਨ੍ਹਾਂ ਸੰਤਾਂ, ਭਗਤਾਂ, ਸੂਫ਼ੀਆਂ ਅਤੇ ਗੁਰੂ ਵਿਅਕਤੀਆਂ ਨੇ ਆਪਣੇ ਵਰਤਮਾਨ ਅਤੇ ਅਤੀਤ ਨਾਲ ਸੰਵਾਦ ਰਚਾ ਕੇ ਪਰਸਪਰ ਸਾਂਝ ਅਤੇ ਸੁਮੇਲ ਦਾ ਰਾਹ ਰੌਸ਼ਨ ਕੀਤਾ ਅਤੇ ਆਪਣੇ ਰੂਹਾਨੀ ਸੰਦੇਸ਼ ਰਾਹੀਂ ਆਪਣੇ ਵੇਲੇ ਦੇ ਮਨੁੱਖ ਨੂੰ ਇਨਸਾਨ-ਦੋਸਤੀ ਅਤੇ ਅਮਨ ਦਾ ਰਾਹ ਦਿਖਾਇਆ।

ਇਨ੍ਹਾਂ ਮੱਧਕਾਲੀ ਧਰਮ-ਪ੍ਰਵਰਤਕਾਂ ਦੀ ਬਾਣੀ ਦਾ ਪ੍ਰਾਮਾਣਿਕ ਸੰਗ੍ਰਹਿ ਸਿੱਖ ਵਿਰਸੇ ਦੇ ਅਦੁਤੀ ਧਰਮ-ਗ੍ਰੰਥ, ਗੁਰੂ ਗ੍ਰੰਥ ਸਾਹਿਬ ਵਿਚ ਪ੍ਰਾਪਤ ਹੈ। ਰਾਸ਼ਟਰੀ ਏਕਤਾ ਜਾਂ ਇਕਮੁੱਠਤਾ ਦੇ ਨੁਕਤੇ ਤੋਂ ਇਹ ਗ੍ਰੰਥ ਸਾਨੂੰ ਦਾ ਕਿਰਿਆਸ਼ੀਲ ਅਤੇ ਜੀਵੰਤ ਰੂਹਾਨੀ ਮਾੱਡਲ ਪ੍ਰਦਾਨ ਕਰਦਾ ਹੈ ਜਿਸ ਦੀ ਵਰਤਮਾਨ ਵਿਚ ਹੋਰ ਵੀ ਵਧੇਰੇ ਸਾਰਥਕਤਾ ਤੇ ਪ੍ਰਾਸੰਗਿਕਤਾ ਹੈ। ਕਾਰਣ ਇਹ ਹੈ ਕਿ ਇਸਦੇ ਬਾਣੀਕਾਰ ਆਪਣੇ ਵੇਲੇ ਦੀਆਂ ਇਤਿਹਾਸਕ ਪਰਿਸਥਿਤੀਆਂ ਅਤੇ ਸਭਿਆਚਾਰਕ ਵੰਗਾਰਾਂ ਦੇ ਰੂਬਰੂ ਹੋਕੇ ਹੀ ਆਪਣੇ ਰੂਹਾਨੀ ਪ੍ਰਵਚਨ ਦੀ ਉਸਾਰੀ ਕਰਦੇ ਹਨ। ਇਸ ਗੱਲ ਦੀ ਸੱਭ ਤੋਂ ਉੱਘੜਵੀਂ ਮਿਸਾਲ ਗੁਰੂ ਨਾਨਕ ਬਾਣੀ ਦੇ ਉਨ੍ਹਾਂ ਸ਼ਬਦਾਂ ਵਿਚ ਅੰਕਿਤ ਸ਼ਬਦ ਹਨ ਜਿਨ੍ਹਾਂ ਵਿਚ ਬਾਬਰ ਦੇ ਧਾੜਵੀ ਹਮਲੇ ਅਤੇ

ਅਤਿਆਚਾਰਾਂ ਦਾ ਆਕ੍ਰੋਸ਼ਮਈ ਢੰਗ ਨਾਲ ਵਰਨਣ ਕੀਤਾ ਗਿਆ ਹੈ। ਗੁਰੂ ਨਾਨਕ ਬਾਣੀ ਦੀਆਂ ਇਨ੍ਹਾਂ ਪੰਗਤੀਆਂ ਵਿਚ ਹਿੰਦੁਸਤਾਨ ਸ਼ਬਦ ਦੀ ਵਰਤੋਂ ਉਨ੍ਹਾਂ ਦੀ ਸ਼ਕਤੀਸ਼ਾਲੀ ਰਾਸ਼ਟਰੀ ਚੇਤਨਾ ਦੀ ਲਖਾਇਕ ਹੈ। ਮਿਸਾਲ ਵਜੋਂ :

ਖੁਰਾਸਾਨ ਖਸਮਾਨਾ ਕੀਆ ਹਿੰਦੁਸਤਾਨੁ ਡਰਾਇਆ ॥
ਆਪੈ ਦੋਸੁ ਨ ਦੇਈ ਕਰਤਾ ਜਮੁ ਕਰਿ ਮੁਗਲੁ ਚੜਾਇਆ ॥
ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ ॥1॥
ਕਰਤਾ ਤੂੰ ਸਭਨਾ ਕਾ ਸੋਈ ॥
ਜੇ ਸਕਤਾ ਸਕਤੇ ਕਉ ਮਾਰੇ ਤਾ ਮਨਿ ਰੋਸੁ ਨ ਹੋਈ ॥1॥ ਰਹਾਉ ॥
ਸਕਤਾ ਸੀਹੁ ਮਾਰੇ ਪੈ ਵਗੈ ਖਸਮੈ ਸਾ ਪੁਰਸਾਈ ॥
ਰਤਨ ਵਿਗਾੜਿ ਵਿਗੋਏ ਕੁਤੰੀ ਮੁਇਆ ਸਾਰ ਨ ਕਾਈ ॥
ਆਪੇ ਜੋੜਿ ਵਿਛੋੜੇ ਆਪੇ ਵੇਖੁ ਤੇਰੀ ਵਡਿਆਈ ॥2॥

(ਗੁਰੂ ਗ੍ਰੰਥ ਸਾਹਿਬ, ਪੰਨਾ - 360)

ਇਕ ਜ਼ਾਲਮ ਧਾੜਵੀ ਹੱਥੋਂ ਹੋਈ ਮਜ਼ਲੂਮ ਭਾਰਤੀ ਲੋਕਾਈ ਦੀ ਅਜਿਹੀ ਦੁਰਦਸ਼ਾ ਨੂੰ ਦੇਖ ਕੇ ਗੁਰੂ ਕਵੀ ਖ਼ੂਨ ਦੇ ਸੋਹਿਲੇ ਗਾਉਂਦੇ ਹੋਏ ਸੱਚ ਦੀ ਬਾਣੀ ਬੋਲਦੇ ਹਨ ਅਤੇ ਭਾਈ ਲਾਲੋ ਨੂੰ ਇਨ੍ਹਾਂ ਬੋਲਾਂ ਰਾਹੀਂ ਸੰਬੋਧਿਤ ਹੁੰਦੇ ਹਨ :

ਜੈਸੀ ਮੈ ਆਵੈ ਖਸਮ ਕੀ ਬਾਣੀ ਤੈਸੜਾ ਕਰੀ ਗਿਆਨੁ ਵੇ ਲਾਲੋ ॥
ਪਾਪ ਕੀ ਜੰਞ ਲੈ ਕਾਬਲਹੁ ਧਾਇਆ ਜੋਰੀ ਮੰਗੈ ਦਾਨੁ ਵੇ ਲਾਲੋ ॥
ਸਰਮੁ ਧਰਮੁ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ ॥
ਕਾਜੀਆ ਬਾਮਣਾ ਕੀ ਗਲ ਥਕੀ ਅਗਦੁ ਪੜੈ ਸੈਤਾਨੁ ਵੇ ਲਾਲੋ ॥
ਮੁਸਲਮਾਨੀਆ ਪੜਹਿ ਕਤੇਬਾ ਕਸਟ ਮਹਿ ਕਰਹਿ ਖੁਦਾਇ ਵੇ ਲਾਲੋ ॥
ਜਾਤਿ ਸਨਾਤੀ ਹੋਰਿ ਹਿਦਵਾਣੀਆ ਏਹਿ ਭੀ ਲੇਖੈ ਲਾਇ ਵੇ ਲਾਲੋ ॥
ਖੂਨ ਕੇ ਸੋਹਿਲੇ ਗਾਵੀਅਹਿ ਨਾਨਕ ਰਤੁ ਕਾ ਕੁੰਗੂ ਪਾਇ ਵੇ ਲਾਲੋ ॥1॥

(ਗੁਰੂ ਗ੍ਰੰਥ ਸਾਹਿਬ, ਪੰਨਾ - 724)

ਰਾਸ਼ਟਰੀ ਚੇਤਨਾ ਅਤੇ ਇਕਮੁੱਠਤਾ ਦੀ ਇਸ ਨਾਲੋਂ ਬਿਹਤਰ ਮਿਸਾਲ ਹੋਰ ਕੀ ਹੋ ਸਕਦੀ ਹੈ। ਅਸਲ ਵਿਚ ਆਦਿ ਗ੍ਰੰਥ ਦੀ ਪਾਵਨ ਬੀੜ ਨੂੰ ਰੂਪ ਤੇ ਆਕਾਰ ਦੇਣ ਵਿਚ ਗੁਰੂ ਅਰਜਨ ਦੇਵ ਦੀ ਅਲੌਕਿਕ ਸਿਰਜਣਾਤਮਕ ਪ੍ਰਤਿਭਾ, ਮਾਨਵਵਾਦੀ ਦ੍ਰਿਸ਼ਟੀ ਅਤੇ ਸੰਵੇਦਨਸ਼ੀਲ ਰਾਸ਼ਟਰੀ ਚੇਤਨਾ ਕਾਰਜਸ਼ੀਲ ਨਜ਼ਰ ਆਉਂਦੀ ਹੈ। ਇਸ ਵਿਚ ਇਕ ਅਜਿਹੀ ਲੋਕ-ਪੱਖੀ ਅਤੇ ਕ੍ਰਾਂਤੀਕਾਰੀ ਚੇਤਨਾ ਵੀ ਮੂਰਤੀਮਾਨ ਹੁੰਦੀ ਹੈ ਜੋ ਉਦਾਰ ਮਾਨਵਵਾਦੀ ਫਲਸਫੇ ਦੀ ਲਖਾਇਕ ਹੈ। ਇਸ ਵਿਚਾਰਧਾਰਾ ਦਾ ਵੇਲੇ ਦੀ ਸੌੜੀ ਸਿਆਸਤ, ਮਜ਼ਹਬੀ ਤੰਗ-ਨਜ਼ਰੀ ਅਤੇ ਉੱਭਰ ਰਹੇ ਮੂਲਵਾਦੀ ਰੁਝਾਨ ਨਾਲ ਦਾ ਟਕਰਾਉ ਸੁਭਾਵਕ ਹੀ ਸੀ। ਉਨ੍ਹਾਂ ਦੀ ਸ਼ਹਾਦਤ ਵੀ ਇਸੇ ਮੂਲਵਾਦੀ ਰੁਝਾਨ ਨਾਲ ਟਕਰਾਉ ਦਾ ਪ੍ਰਤਿਫਲ ਸੀ। ਇਸਦੇ ਪਿਛੋਕੜ ਵਿਚ ਡੂੰਘੇ ਵਿਚਾਰਧਾਰਾਈ ਪ੍ਰੇਰਕ ਕਾਰਜਸ਼ੀਲ ਸਨ। ਗੁਰੂ ਅਰਜਨ ਦੇਵ ਦੇ ਸਮਕਾਲੀ ਮੁਗ਼ਲ ਬਾਦਸ਼ਾਹ ਅਕਬਰ ਨੇ ਆਪਣੀ ਹਕੂਮਤ ਨੂੰ ਚਿਰਸਥਾਈ ਬਣਾਉਣ ਲਈ ਭਾਰਤੀ ਲੋਕ-ਜੀਵਨ ਦੀ ਨਬਜ਼ ਪਛਾਣਦਿਆਂ ਵਿਭਿੰਨ ਧਰਮਾਂ ਅਤੇ

ਫ਼ਿਰਕਿਆਂ ਵਿਚਕਾਰ ਸਦਭਾਵਨਾ ਦਾ ਮਾਹੌਲ ਸਿਰਜਣ ਲਈ ਖ਼ਾਸ ਕਿਸਮ ਦੀ ਸੁਲਹਾਕੁੱਲ (ਉਦਾਰ) ਨੀਤੀ ਅਪਣਾਈ ਸੀ ਜੋ ਉਸਦੇ ਹਰਮਨ ਪਿਆਰੇ ਹੋਣ ਦੀ ਲਖਾਇਕ ਸੀ। ਪਰ ਮੁਗ਼ਲ ਸਲਤਨਤ ਦੇ ਕੱਟੜ ਮਜ਼੍ਹਬੀ ਹਲਕਿਆਂ ਵਿਚ ਅੰਦਰ-ਖਾਤੇ ਇਸ ਸੁਲਹਾਕੁੱਲ ਨੀਤੀ ਦਾ ਵਿਰੋਧ ਵੀ ਪਨਪ ਰਿਹਾ ਸੀ। ਖ਼ਾਸ ਤੌਰ ਤੇ ਅਕਬਰ ਦੇ ਰਾਜ ਦੇ ਅੰਤਲੇ ਦਿਨਾਂ ਵਿਚ ਨਕਸ਼ਬੰਦੀ ਸਿਲਸਿਲੇ ਦੇ ਆਗੂ, ਸ਼ੇਖ਼ ਅਹਿਮਦ ਸਰਹੰਦੀ (ਮਜੱਦਦ ਅਲਿਫ਼ ਸਾਨੀ) ਅਤੇ ਉਸਦੇ ਸਿਆਸੀ ਹਿਮਾਇਤੀਆਂ ਨੇ ਆਪਣੇ ਮੂਲਵਾਦੀ ਮਨਸੂਬਿਆਂ ਦੀ ਪੂਰਤੀ ਲਈ ਮੁਗ਼ਲ ਅਹਿਲਕਾਰਾਂ ਵਲ ਅਨੇਕਾਂ ਚਿੱਠੀਆਂ ਲਿਖੀਆਂ ਅਤੇ ਉਨ੍ਹਾਂ ਨੂੰ ਜੱਥੇਬੰਦ ਕਰਨ ਦਾ ਉਪਰਾਲਾ ਕੀਤਾ। ਉਨ੍ਹਾਂ ਵਲੋਂ ਖ਼ੁਸਰੋ ਦੀ ਥਾਵੇਂ ਜਹਾਂਗੀਰ ਨੂੰ ਸਮਰਥਨ ਦੇਣਾ ਵੀ ਇਸੇ ਮੂਲਵਾਦੀ ਸਿਆਸਤ ਦਾ ਅੰਗ ਸੀ। ਸ਼ੇਖ਼ ਅਹਿਮਦ ਸਰਹੰਦੀ ਦੀਆਂ ਚਿੱਠੀਆਂ ਦੇ ਪ੍ਰਕਾਸ਼ਿਤ ਸੰਗ੍ਰਹਿ ਵਿਚ ਗੁਰੂ ਅਰਜਨ ਦੇਵ ਦੀ ਸ਼ਹਾਦਤ ਬਾਰੇ ਮੁਜਦਿਦ ਦੀ ਨਿਮਨ-ਅੰਕਿਤ ਸਿੱਧੀ ਟਿਪਣੀ ਬਹੁਤ ਮਹੱਤਵਪੂਰਣ ਹੈ :

"ਇਨ੍ਹਾਂ ਦਿਨਾਂ ਵਿਚ ਹੀ ਜੋ ਗੋਇੰਦਵਾਲ ਦੇ ਭ੍ਰਸ਼ਟੇ ਹੋਏ ਕਾਫ਼ਰ ਨੂੰ ਕਤਲ ਕਰ ਦਿੱਤਾ ਗਿਆ ਹੈ, ਇਹ ਬੜੀ ਸ਼ੁੱਭ ਘਟਨਾ ਹੋਈ ਹੈ ਅਤੇ ਇਸ ਨਾਲ ਹਿੰਦੂਆਂ ਨੂੰ ਇਕ ਵੱਡੀ ਸ਼ਿਕਸਤ ਹੋਈ ਹੈ। ਉਸ ਨੂੰ ਕਿਸੇ ਕਾਰਨ ਅਤੇ ਕਿਸੇ ਬਹਾਨੇ ਨਾਲ ਵੀ ਮਾਰ ਮੁਕਾਉਣ ਨਾਲ ਕਾਫ਼ਰਾਂ ਦੀ ਵੱਡੀ ਹਾਨੀ ਹੋਈ ਹੈ ਅਤੇ ਮੁਸਲਮਾਨਾਂ ਲਈ ਇਹ ਸ਼ੁੱਭ ਅਤੇ ਮਹਾਨ ਲਾਭ ਦੀ ਗੱਲ ਬਣੀ ਹੈ।"[2]

ਇਸ ਤਰ੍ਹਾਂ ਗੁਰੂ ਅਰਜਨ ਦੇਵ ਦੀ ਸ਼ਹਾਦਤ ਇਕ ਅਜਿਹੀ ਇਤਿਹਾਸਕ ਘਟਨਾ ਹੋ ਨਿਬੜਦੀ ਹੈ ਜੋ ਉਦਾਰ ਮਾਨਵਵਾਦ ਅਤੇ ਧਾਰਮਿਕ ਮੂਲਵਾਦ ਵਿਚਕਾਰ ਟਕਰਾਉ ਦੀ ਲਖਾਇਕ ਹੈ। ਮੁਗ਼ਲ ਬਾਦਸ਼ਾਹ ਅਕਬਰ ਅਤੇ ਗੁਰੂ ਅਰਜਨ ਦੇਵ ਉਦਾਰ ਮਾਨਵਵਾਦੀ ਫਲਸਫੇ ਦੇ ਪ੍ਰਤਿਨਿਧ ਬਣ ਗਏ ਸਨ। ਇਹ ਧਾਰਮਿਕ ਸਹਿਨਸ਼ੀਲਤਾ ਅਤੇ ਸਾਂਝੀਵਾਲਤਾ ਦੀਆਂ ਕਦਰਾਂ-ਕੀਮਤਾਂ ਦੇ ਸਮਰਥਕ ਸਨ ਅਤੇ ਆਪੋ ਆਪਣੇ ਢੰਗ ਨਾਲ ਇਕ ਅਜਿਹੇ ਸੰਯੁਕਤ ਸਭਿਆਚਾਰਕ ਸਮਾਜ ਦੀ ਉਸਾਰੀ ਕਰਨਾ ਲੋਚਦੇ ਸਨ ਜੋ ਧਰਮਾਂ ਅਤੇ ਜਾਤ-ਬਰਾਦਰੀਆਂ ਵਿਚ ਵੰਡੇ ਹੋਏ ਭਾਈਚਾਰਿਆਂ ਨੂੰ ਸ਼ਾਂਤਮਈ ਸਹਿ-ਹੋਂਦ ਦਾ ਦਰਸ ਦਿੰਦਾ ਸੀ। ਜਦੋਂ ਕਿ ਮੁਜੱਦਦ ਅਲਿਫ਼ ਸਾਨੀ ਅਤੇ ਉਸਦੇ ਸਿਆਸੀ ਪੈਰੋਕਾਰ ਇਸਲਾਮ ਦੀ ਸਰਦਾਰੀ ਵਾਲਾ ਮੂਲਵਾਦੀ ਨਜ਼ਾਮ ਸਥਾਪਿਤ ਕਰਨਾ ਲੋਚਦੇ ਸਨ। ਇਹ ਮੂਲਵਾਦੀ ਰੁਝਾਨ ਮੱਧਕਾਲ ਵਿਚ ਵਿਕਸਿਤ ਹੋ ਰਹੀ ਸਿਹਤਮੰਦ ਰਾਸ਼ਟਰੀ ਪਛਾਣ ਲਈ ਸਭ ਤੋਂ ਵੱਡੀ ਰੁਕਾਵਟ ਬਣ ਰਿਹਾ ਸੀ।

ਜਦੋਂ ਅਸੀਂ ਗੁਰੂ ਗ੍ਰੰਥ ਸਾਹਿਬ ਦੇ ਸਿਰਜਿਤ ਪ੍ਰਵਚਨ ਨੂੰ ਮੱਧਕਾਲੀਨ ਭਾਰਤ ਦੇ ਸਾਮਾਜਿਕ, ਇਤਿਹਾਸਕ ਅਤੇ ਸਭਿਆਚਾਰਕ ਸੰਦਰਭ ਵਿਚ ਰੱਖ ਕੇ ਵਾਚਦੇ ਹਾਂ ਤਾਂ ਪਤਾ ਚੱਲਦਾ ਹੈ ਕਿ ਇਹ ਇਕ ਅਜਿਹੀ ਕ੍ਰਾਂਤੀਕਾਰੀ ਟੈਕਸਟ ਹੈ ਜਿਸਨੇ ਆਪਣੇ ਵੇਲੇ ਦੇ ਮਨੁੱਖ ਨੂੰ ਹਰ ਕਿਸਮ ਦੇ ਦਮਨ ਅਤੇ ਸ਼ੋਸ਼ਣ ਦੇ ਖ਼ਿਲਾਫ਼ ਜੂਝਣ ਲਈ ਪ੍ਰੇਰਿਤ ਕੀਤਾ। ਇਸ ਵਿਚ ਪੇਸ਼ ਹੋਈ ਵਿਚਾਰਧਾਰਾ ਜੇ ਇਕ ਪਾਸੇ ਸਥਾਪਿਤ ਵਿਵਸਥਾ ਦੇ ਦਮਨਕਾਰੀ ਤੰਤਰ ਦਾ ਵਿਰੋਧ ਕਰਦੀ ਹੈ ਤਾਂ ਦੂਸਰੇ ਪਾਸੇ ਭਾਰਤੀ ਸਮਾਜ ਵਿਚ ਪ੍ਰਚੱਲਤ ਬੇਲੋੜੀਆਂ ਰਸਮਾਂ-ਰੀਤਾਂ, ਕਰਮਕਾਂਡੀ ਅਡੰਬਰ ਅਤੇ ਜਾਤੀ-ਪ੍ਰਥਾ ਦੇ ਮਾਨਵਦੋਖੀ ਕਿਰਦਾਰ ਨੂੰ ਵੀ ਉਘਾੜਦੀ ਹੈ। ਇਸ ਤਰ੍ਹਾਂ ਇਹ ਗ੍ਰੰਥ ਮੱਧਕਾਲੀਨ ਭਾਰਤ ਵਿਚ ਭਗਤੀ ਅਤੇ ਸੂਫ਼ੀ ਲਹਿਰ ਦੇ ਹਵਾਲੇ ਨਾਲ ਪੈਦਾ ਹੋਈ ਉਸ ਨਵ-ਜਾਗ੍ਰਿਤੀ ਦੀ ਲਹਿਰ ਦੀ ਪ੍ਰਤਿਨਿਧਤਾ ਕਰਦਾ ਹੈ ਜੋ ਭਿੰਨ ਭਿੰਨ ਧਰਮਾਂ ਅਤੇ

[2] ਦੇਖੋ, ਮੁਜੱਦਦ ਅਲਿਫ਼ ਸਾਨੀ, **ਮਕਤੂਬਾਤਿ ਅਮਾਮਿ ਰੱਬਾਨੀ (ਹਵਾਲਾ, ਕਪੂਰ ਸਿੰਘ ਆਈ. ਸੀ. ਐਸ; ਸਾਚੀ ਸਾਖੀ)**

ਸੰਪ੍ਰਦਾਵਾਂ ਵਿਚਕਾਰ ਸਮਨਵੈ ਅਤੇ ਸੁਮੇਲ ਸਥਾਪਿਤ ਕਰਨ ਵਲ ਰੁਚਿਤ ਹੁੰਦੀ ਹੈ। ਇਸ ਲਹਿਰ ਨੂੰ ਉਸਾਰਨ ਵਿਚ ਸੰਤਾਂ, ਭਗਤਾਂ, ਸੂਫ਼ੀਆਂ ਅਤੇ ਗੁਰੂ ਵਿਅਕਤੀਆਂ ਦਾ ਬਰਾਬਰ ਦਾ ਯੋਗਦਾਨ ਹੈ।

ਇਸ ਵਿਚਲੇ ਬਾਣੀਕਾਰ ਨਾ ਤਾਂ ਨਿਰੋਲ ਪੰਜਾਬ ਨਾਲ ਸੰਬੰਧਿਤ ਹਨ ਅਤੇ ਨਾ ਹੀ ਕਿਸੇ ਇਕ ਜਾਤੀ, ਭਾਸ਼ਾ ਜਾਂ ਧਰਮ ਸੰਸਕ੍ਰਿਤੀ ਨਾਲ। ਇਨ੍ਹਾਂ ਦੀ ਨਜ਼ਰ ਵਿਚ ਭਾਰਤੀ ਉਪ-ਮਹਾਦੀਪ ਦੀ ਉਸ ਸਮੁੱਚੀ ਸਭਿਆਚਾਰਕ ਵਿਰਾਸਤ ਉੱਪਰ ਟਿਕੀ ਹੋਈ ਹੈ ਜਿਸਨੂੰ ਉਸਾਰਨ ਵਿਚ ਇੱਥੋਂ ਦੇ ਰਿਸ਼ੀਆਂ, ਮੁਨੀਆਂ, ਸਿੱਧਾਂ, ਨਾਥਾਂ, ਸੰਤਾਂ, ਭਗਤਾਂ ਅਤੇ ਸੂਫ਼ੀਆਂ ਨੇ ਭਰਪੂਰ ਯੋਗਦਾਨ ਦਿੱਤਾ ਹੈ। ਇਸਦਾ ਸਿਰਜਿਤ ਪ੍ਰਵਚਨ ਇਸ ਸਮੁੱਚੀ ਸਭਿਆਚਾਰਕ ਵਿਰਾਸਤ ਨਾਲ ਸੰਵਾਦ ਰਚਾਉਂਦਾ ਹੈ ਅਤੇ ਆਪਣੇ ਵੇਲੇ ਦੀ ਪੀੜਤ ਲੋਕਾਈ ਨੂੰ ਰੂਹਾਨੀ ਮੁਕਤੀ ਦਾ ਸੰਦੇਸ਼ ਦਿੰਦਾ ਹੈ। ਬਾਣੀਕਾਰਾਂ ਦੀ ਵਿਚਾਰਧਾਰਾ ਦਾ ਮੂਲ ਆਧਾਰ ਬ੍ਰਹਿਮੰਡੀ ਚੇਤਨਾ (cosmic consciousness) ਦੇ ਉਸ ਪਾਰਗਾਮੀ ਦ੍ਰਿਸ਼ਟੀ-ਬਿੰਦੂ ਉੱਤੇ ਟਿਕਿਆ ਹੋਇਆ ਹੈ ਜਿੱਥੇ ਖਲੋ ਕੇ ਭਿੰਨਤਾਵਾਂ ਅਤੇ ਵਿਤਕਰੇ ਮਹਤਵਹੀਣ ਹੋ ਜਾਂਦੇ ਹਨ। ਸਮੁੱਚੀ ਗੁਰਬਾਣੀ ਦੇ ਇਸ ਦ੍ਰਿਸ਼ਟੀ-ਬਿੰਦੂ ਨੂੰ ਪ੍ਰਾਮਾਣਿਤ ਕਰਨ ਲਈ ਭਗਤ ਕਬੀਰ ਦੇ ਨਿਮਨ-ਅੰਕਿਤ ਕਥਨ ਦਾ ਹਵਾਲਾ ਦਿੱਤਾ ਜਾ ਸਕਦਾ ਹੈ ਜਿਸ ਵਿਚ ਬੰਦੇ ਅਤੇ ਖ਼ੁਦਾ ਦੀ ਬੁਨਿਆਦੀ ਏਕਤਾ ਦਾ ਅਹਿਸਾਸ ਉਭਰਦਾ ਹੈ :

ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ ॥
ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ ॥1
ਸਭ ਮਹਿ ਸਚਾ ਏਕੋ ਸੋਈ ਤਿਸ ਕਾ ਕੀਆ ਸਭੁ ਕਛੁ ਹੋਈ ॥
ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ ॥3॥[3]

ਇਸ ਵਿਚਾਰਧਾਰਾ ਦੀ ਸੱਭ ਤੋਂ ਵੱਡੀ ਪ੍ਰਾਪਤੀ ਭਿੰਨਤਾਵਾਂ ਅਤੇ ਵਿਲੱਖਣਤਾਵਾਂ ਦਾ ਆਦਰ ਕਰਨ ਅਤੇ ਪਰਸਪਰ ਵੈਰ-ਵਿਰੋਧ ਨੂੰ ਮਿਟਾ ਕੇ ਸਾਂਝ ਦੇ ਸੂਤਰ ਤਲਾਸ਼ ਕਰਨ ਵਿਚ ਨਿਹਤ ਹੈ। ਗੁਰੂ ਗ੍ਰੰਥ ਸਾਹਿਬ ਦਾ ਸਮੁੱਚਾ ਪ੍ਰਵਚਨ-ਸੰਸਾਰ ਇਸੇ ਕਿਸਮ ਦੇ ਸੰਵਾਦ ਅਤੇ ਸੁਮੇਲ ਦਾ ਸੰਦੇਸ਼ ਸੰਚਾਰਿਤ ਕਰਦਾ ਹੈ। ਸ਼ਾਇਦ ਇਸੇ ਦ੍ਰਿਸ਼ਟੀ ਤੋਂ ਅਜੋਕੇ ਵਿਦਵਾਨਾਂ ਨੇ ਇਸ ਪਾਵਨ ਗ੍ਰੰਥ ਨੂੰ ਉੱਤਰ-ਆਧੁਨਿਕ ਚੇਤਨਾ ਦਾ ਸੰਚਾਰ ਕਰਨ ਵਾਲਾ ਮੱਧਕਾਲੀ ਪਾਠ ਆਖਿਆ ਹੈ। ਸਮਕਾਲੀ ਮੁਹਾਵਰੇ ਅਨੁਸਾਰ, ਇਸ ਪਾਵਨ ਗ੍ਰੰਥ ਨੂੰ ਹਾਕਮ ਸ਼੍ਰੇਣੀ ਅਤੇ ਸਥਾਪਿਤ ਵਿਵਸਥਾ ਦੇ ਦਮਨਕਾਰੀ ਸ਼ਕਤੀ-ਪ੍ਰਵਚਨ ਨਾਲ ਸੰਵਾਦ ਰਚਾਉਣ ਵਾਲੇ ਮੁਕਤੀ-ਪ੍ਰਵਚਨ ਦਾ ਪ੍ਰਤੀਕ ਮੰਨਿਆਂ ਜਾ ਸਕਦਾ ਹੈ। ਇਹ ਮਾਨਵਜਾਤੀ ਦੇ ਅਵਚੇਤਨ ਵਿਚ ਵਸਦੀ ਉਸ ਸਦੀਵੀ ਲੋਚਾ ਨੂੰ ਮੂਰਤੀਮਾਨ ਕਰਦਾ ਹੈ ਜੋ ਹਰ ਕਿਸਮ ਦੇ ਜ਼ੁਲਮ, ਤਸ਼ੱਦਦ, ਦਮਨ ਅਤੇ ਸ਼ੋਸ਼ਣ ਦੇ ਖ਼ਿਲਾਫ਼ ਵਿਦਰੋਹ ਬਣ ਕੇ ਉਜਾਗਰ ਹੁੰਦੀ ਹੈ। ਇਕ ਪਾਸੇ ਇਹ ਮਨੱਖੀ ਜੀਵਨ ਦੀ ਨੈਤਿਕ ਅਤੇ ਅਧਿਆਤਮਕ ਅਗਵਾਈ ਦਾ ਸਦੀਵੀ ਪ੍ਰੇਰਣਾ-ਸਰੋਤ ਬਣਦਾ ਹੈ ਤਾਂ ਦੂਜੇ ਪਾਸੇ ਇਹ ਸਾਮਾਜਿਕ ਸੰਸਥਾਵਾਂ ਅਤੇ ਸਭਿਆਚਾਰਕ ਕਦਰਾਂ-ਕੀਮਤਾਂ ਨੂੰ ਪ੍ਰਭਾਵਿਤ ਕਰਨ ਵਾਲੇ ਕ੍ਰਾਂਤੀਕਾਰੀ ਪ੍ਰਵਚਨ ਦਾ ਨਿਰਮਾਨ ਵੀ ਕਰਦਾ ਹੈ। ਸੱਚ ਤਾਂ ਇਹ ਹੈ ਕਿ ਇਹ ਮਹਾਗ੍ਰੰਥ ਮੱਧਕਾਲੀਨ ਭਾਰਤ ਵਿਚ ਉੱਸਰ ਰਹੇ ਸੰਜੁਗਤ ਸਭਿਆਚਾਰ ਦੀ ਨਿਸ਼ਾਨਦੇਹੀ ਕਰਦਾ ਹੈ। ਮਿਸਾਲ ਵਜੋਂ ਗੁਰੂ ਗ੍ਰੰਥ ਸਾਹਿਬ ਬਾਣੀ ਦੀਆ ਕੁਝ ਪੰਗਤੀਆਂ ਪੇਸ਼ ਹਨ :

---

[3] ਗੁਰੂ ਗ੍ਰੰਥ ਸਾਹਿਬ, ਪੰਨਾ – 1349

ਕੋਈ ਬੋਲੈ ਰਾਮ ਰਾਮ ਕੋਈ ਖੁਦਾਇ ॥

ਕੋਈ ਸੇਵੈ ਗੁਸਈਆ ਕੋਈ ਅਲਾਹਿ॥1॥

ਕਾਰਣ ਕਰਣ ਕਰੀਮ ॥

ਕਿਰਪਾ ਧਾਰਿ ਰਹੀਮ ॥1॥ ਰਹਾਉ ॥

ਕੋਈ ਨਾਵੈ ਤੀਰਥਿ ਕੋਈ ਹਜ ਜਾਇ ॥

ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ ॥2॥

ਕੋਈ ਪੜੈ ਬੇਦ ਕੋਈ ਕਤੇਬ ॥ ਕੋਈ ਓਢੈ ਨੀਲ ਕੋਈ ਸੁਪੇਦ ॥3॥

ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ ॥

ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ ॥4॥

ਕਹੁ ਨਾਨਕ ਜਿਨਿ ਹੁਕਮੁ ਪਛਾਤਾ ॥

ਪ੍ਰਭ ਸਾਹਿਬ ਕਾ ਤਿਨਿ ਭੇਦੁਜਾਤਾ॥5॥9॥

(ਗੁਰੂ ਗ੍ਰੰਥ ਸਾਹਿਬ, ਪੰਨਾ – 885)

ਇਥੇ ਬਾਣੀਕਾਰਾਂ ਨੇ ਆਪਣੇ ਧਾਰਮਿਕ ਧਾਰਮਿਕ ਅਨੁਭਵ ਅਤੇ ਬੋਧ ਨੂੰ ਪ੍ਰਗਟਾਉਣ ਲਈ ਜਿਨ੍ਹਾਂ ਚਿਹਨਾਂ ਅਤੇ ਪ੍ਰਤੀਕਾਂ ਦੀ ਵਰਤੋਂ ਕੀਤੀ ਹੈ ਉਹ ਹਿੰਦੂ ਅਤੇ ਮੁਸਲਿਮ ਵਿਰਸੇ ਦੇ ਧਰਮ-ਸ਼ਾਸਤਰੀ ਸੰਕਲਪਾਂ ਨਾਲ ਸੰਬੰਧਿਤ ਹਨ। ਅਜਿਹੀ ਸਥਿਤੀ ਪਰਸਪਰ ਸਹਿ-ਹੋਂਦ ਅਤੇ ਸੰਵਾਦ ਵਿਚੋਂ ਹੀ ਪੈਦਾ ਹੋ ਸਕਦੀ ਹੈ। ਬਾਣੀਕਾਰ ਇਨ੍ਹਾਂ ਵਿਭਿੰਨ ਧਰਮ-ਸ਼ਾਸਤਰੀ ਪਰੰਪਰਾਵਾਂ ਦੇ ਪ੍ਰਚੱਲਤ ਵਿਸ਼ਵਾਸ਼ਾਂ ਅਤੇ ਰਹੁ-ਰੀਤਾਂ ਦੀ ਵੰਨ-ਸੁਵੰਨਤਾ ਦੇ ਸਨਮੁਖ ਹੋ ਕੇ ਇਨ੍ਹਾਂ ਦੇ ਰੂਹਾਨੀ ਮਹੱਤਵ ਨੂੰ ਪਛਾਨਣ ਦਾ ਉਪਰਾਲਾ ਕਰਦੇ ਹਨ :

ਸੋ ਬ੍ਰਾਹਮਣੁ ਜੋ ਬ੍ਰਹਮੁ ਬੀਚਾਰੈ ॥

ਆਪਿ ਤਰੈ ਸਗਲੇ ਕੁਲ ਤਾਰੈ ॥3॥

ਦਾਨਸਬੰਦੁ ਸੋਈ ਦਿਲਿ ਧੋਵੈ ॥

ਮੁਸਲਮਾਣੁ ਸੋਈ ਮਲੁ ਖੋਵੈ ॥

ਪੜਿਆ ਬੂਝੈ ਸੋ ਪਰਵਾਣੁ ॥

ਜਿਸੁ ਸਿਰਿ ਦਰਗਹ ਕਾ ਨੀਸਾਣੁ ॥4॥5॥7॥

(ਗੁਰੂ ਗ੍ਰੰਥ ਸਾਹਿਬ, ਪੰਨਾ – 662)

ਇਉਂ ਗੁਰੂ ਗ੍ਰੰਥ ਸਾਹਿਬ ਦੇ ਪ੍ਰਵਚਨ ਵਿਚ ਵਿਭਿੰਨ ਧਰਮਾਂ ਦੀਆਂ ਵਿਸ਼ਵਾਸ਼-ਪਰੰਪਰਾਵਾਂ ਅਤੇ ਰਹੁ-ਰੀਤਾਂ ਨੂੰ ਨਵੇਂ ਸੰਦਰਭ ਵਿਚ ਪ੍ਰਸਤੁਤ ਕਰਕੇ ਇਨ੍ਹਾਂ ਵਿਚਲੀ ਰੂਹਾਨੀ ਸਾਂਝ ਦੇ ਧਰਾਤਲ ਨੂੰ ਤਲਾਸ਼ ਕਰਨ ਦਾ ਉਪਰਾਲਾ ਕੀਤਾ ਗਿਆ ਹੈ। ਗੁਰੂ ਗ੍ਰੰਥ ਸਾਹਿਬ ਬਾਣੀ ਵਿਚ ਪੇਸ਼ ਹੋਈ ਸਭਿਆਚਾਰਕ ਕ੍ਰਾਂਤੀ ਦਾ ਮਹੱਤਵਪੂਰਣ ਪਹਿਲੂ ਸਮਾਜ ਦੇ ਦੱਬੇ-ਕੁਚਲੇ ਅਤੇ ਨਿਤਾਣੇ ਵਰਗਾਂ ਦੇ ਹੱਕ ਵਿਚ ਆਵਾਜ਼ ਬੁਲੰਦ ਕਰਨਾ ਹੈ। ਇਸ ਪ੍ਰਵਚਨ ਵਿਚ ਵਿਸ਼ੇਸ਼ ਤੌਰ ਤੇ ਹਾਕਮ ਸ਼੍ਰੇਣੀ ਦੀ ਲੁੱਟ-ਖਸੁੱਟ ਦੇ ਸ਼ਿਕਾਰ ਮਿਹਨਤਕਸ਼ ਵਰਗਾਂ ਅਤੇ ਕਰਮਕਾਂਡ ਤੇ ਜਾਤੀ-ਪ੍ਰਥਾ ਹੱਥੋਂ ਸਤਾਏ ਹੋਏ ਦਮਿਤ ਵਰਗਾਂ ਦਾ

ਪੱਖ ਪੂਰਿਆ ਗਿਆ ਹੈ। ਗੁਰੂ ਨਾਨਕ ਬਾਣੀ ਦੀਆਂ ਇਨ੍ਹਾਂ ਪੰਗਤੀਆਂ ਵਿਚ ਇਸੇ ਕਿਸਮ ਦੀ ਭਾਵਨਾ ਦਾ ਸਮੂਰਤ ਪ੍ਰਗਟਾਵਾ ਦ੍ਰਿਸ਼ਟੀਗੋਚਰ ਹੁੰਦਾ ਹੈ :

ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ ॥
ਨਾਨਕੁ ਤਿਨ ਕੈ ਸੰਗਿ ਸਾਥਿ
ਵਡਿਆ ਸਿਉ ਕਿਆ ਰੀਸ ॥
ਜਿਥੈ ਨੀਚ ਸਮਾਲੀਅਨਿ
ਤਿਥੈ ਨਦਰਿ ਤੇਰੀ ਬਖਸੀਸੁ।

(ਗੁਰੂ ਗ੍ਰੰਥ ਸਾਹਿਬ, ਪੰਨਾ - 15)

ਇਸੇ ਤਰ੍ਹਾਂ ਹੀ ਭਗਤ ਕਬੀਰ ਜੀ ਨੇ ਵੀ ਜਤੀ-ਪ੍ਰਥਾ ਦੇ ਇਸ ਮਸਨੂਈ ਕਿਰਦਾਰ ਨੂੰ ਉਘਾੜਨ ਦਾ ਜਤਨ ਅਪਣੀ ਬਾਣੀ ਦੀਆਂ ਇਨ੍ਹਾਂ ਪੰਗਤੀਆਂ ਵਿਚ ਕੀਤਾ ਹੈ :

ਗਰਭ ਵਾਸ ਮਹਿ ਕੁਲੁ ਨਹੀ ਜਾਤੀ ॥
ਬ੍ਰਹਮ ਬਿੰਦੁ ਤੇ ਸਭ ਉਤਪਾਤੀ ॥1॥
ਕਹੁ ਰੇ ਪੰਡਿਤ ਬਾਮਨ ਕਬ ਕੇ ਹੋਏ ॥
ਬਾਮਨ ਕਹਿ ਕਹਿ ਜਨਮੁ ਮਤ ਖੋਏ ॥1॥ ਰਹਾਉ ॥

(ਗੁਰੂ ਗ੍ਰੰਥ ਸਾਹਿਬ, ਪੰਨਾ - 324)

ਭਗਤ ਕਬੀਰ ਦੀਆਂ ਇਨ੍ਹਾਂ ਪੰਗਤੀਆਂ ਵਿਚ ਜਾਤੀ-ਪ੍ਰਥਾ ਦੇ ਵਿਵੇਕ ਨੂੰ ਲੋਕ-ਸੂਝ ਦੇ ਆਧਾਰ ਤੇ ਰੱਦ ਕਰਨ ਦਾ ਉਪਰਾਲਾ ਕੀਤਾ ਗਿਆ ਹੈ। ਕਬੀਰ ਜੀ ਨੇ ਇਥੇ ਮਨੁੱਖੀ ਸਮਾਜ ਨੂੰ ਕੁਲ ਅਤੇ ਜਾਤੀ ਦੇ ਆਧਾਰਾਂ ਅਨੁਸਾਰ ਵੰਡਣ ਵਾਲੀ ਮਿੱਥ ਨੂੰ ਤੋੜਿਆ ਹੈ ਕੀਤਾ ਹੈ। ਉਨ੍ਹਾਂ ਦਾ ਵਿਵੇਕ ਇਸ ਤੱਥ ਵਲ ਸੰਕੇਤ ਕਰ ਰਿਹਾ ਹੈ ਕਿ ਬ੍ਰਾਹਮਣ (ਕੁਲੀਨ) ਅਤੇ ਸੂਦ (ਦਲਿਤ) ਦੋਵੇਂ ਹੀ ਸੰਸਾਰ ਦੇ ਸਮੂਹ ਪ੍ਰਾਣੀਆਂ ਵਾਂਗ ਬ੍ਰਹਮ ਬਿੰਦੁ ਦੀ ਉਪਜ ਹਨ। ਇਨ੍ਹਾਂ ਵਿਚਕਾਰ ਸਿਰਜੀ ਗਈ ਵਿੱਥ ਮਸਨੂਈ ਹੈ।

ਮਹੱਤਵਪੂਰਣ ਗੱਲ ਇਹ ਹੈ ਕਿ ਗੁਰੂ ਗ੍ਰੰਥ ਸਾਹਿਬ ਬਾਣੀ ਵਿਚਲੀ ਕ੍ਰਾਂਤੀਕਾਰੀ ਚੇਤਨਾ ਸਿਰਫ਼ ਸਾਮਾਜਿਕ ਅਤੇ ਸਭਿਆਚਾਰਕ ਖੇਤਰ ਤਕ ਸੀਮਿਤ ਨਹੀਂ ਸਗੋਂ ਇਥੇ ਹਾਕਮ-ਸ਼੍ਰੇਣੀ ਦੇ ਲੋਟੂ ਕਿਰਦਾਰ ਦੀ ਵੀ ਤਿੱਖੀ ਆਲੋਚਨਾ ਕਤਿੀ ਗਈ ਹੈ। ਮਿਸਾਲ ਵਜੋਂ ਗੁਰੂ ਨਾਨਕ ਬਾਣੀ ਦੀਆਂ ਇਹ ਪੰਗਤੀਆਂ ਦੇਖੀਆਂ ਜਾ ਸਕਦੀਆਂ ਹਨ :

ਰਾਜੇ ਸੀਹ ਮੁਕਦਮ ਕੁਤੇ ॥
ਜਾਇ ਜਗਾਇਨਿ੍ ਬੈਠੇ ਸੁਤੇ ॥
ਚਾਕਰ ਨਹਦਾ ਪਾਇਨਿ੍ ਘਾਉ ॥
ਰਤੁ ਪਿਤੁ ਕੁਤਿਹੋ ਚਟਿ ਜਾਹੁ ॥
ਜਿਥੈ ਜੀਆਂ ਹੋਸੀ ਸਾਰ ॥
ਨਕੀਂ ਵਢੀਂ ਲਾਇਤਬਾਰ।

(ਗੁਰੂ ਗ੍ਰੰਥ ਸਾਹਿਬ, ਪੰਨਾ - 1288)

ਇਸ ਤਰ੍ਹਾਂ ਗੁਰੂ ਗ੍ਰੰਥ ਸਾਹਿਬ ਦਾ ਪ੍ਰਵਚਨ ਹਾਕਮ ਸ਼੍ਰੇਣੀ ਅਤੇ ਕੁਲੀਨ ਵਰਗਾਂ ਦੇ ਹਿੱਤਾਂ ਦੀ ਪੂਰਤੀ ਕਰਨ ਵਾਲੀ ਦਮਨਕਾਰੀ ਵਿਚਾਰਧਾਰਾ ਨੂੰ ਵੰਗਾਰਦਾ ਹੈ ਅਤੇ ਸਾਮਾਜਿਕ-ਆਰਥਿਕ ਦ੍ਰਿਸ਼ਟੀ ਤੋਂ ਦੱਬੇ-ਕੁਚਲੇ ਲੋਕਾਂ ਅਤੇ ਦਮਿਤ ਵਰਗਾਂ ਦੀ ਖ਼ਾਮੋਸ਼ੀ ਨੂੰ ਜ਼ੁਬਾਨ ਦਿੰਦਾ ਹੈ। ਇਹ ਮੁਗ਼ਲ ਸਮੰਤਵਾਦ ਅਤੇ ਜਾਗੀਰਦਾਰੀ ਵਿਵਸਥਾ ਦੀ ਹਿੰਸਾ ਨੂੰ ਹੀ ਨੰਗਿਆਂ ਨਹੀਂ ਕਰਦਾ ਸਗੋਂ ਪੀੜਿਤ ਲੋਕਾਈ ਦੇ ਮਨ ਵਿਚ ਇਸ ਅਤਿਆਚਾਰੀ ਸ਼ਾਸਨ ਦੀ ਅਸਥਿਰਤਾ ਦਾ ਅਹਿਸਾਸ ਜਗਾ ਕੇ ਨੈਤਿਕ ਮਨੋਬਲ ਪੈਦਾ ਕਰਦਾ ਹੈ। ਇਸ ਮੰਤਵ ਲਈ ਬਾਣੀ ਦੀਆਂ ਇਹ ਪੰਗਤੀਆਂ ਦੇਖੀਆਂ ਜਾ ਸਕਦੀਆਂ ਹਨ :

ਰਾਜੇ ਰਯਤਿ ਸਿਕਦਾਰ ਕੋਇ ਨ ਰਹਸੀਓ ॥
ਹਟ ਪਟਣ ਬਾਜਾਰ ਹੁਕਮੀ ਢਹਸੀਓ ॥
ਪਕੇ ਬੰਕ ਦੁਆਰ ਮੂਰਖੁ ਜਾਣੈ ਆਪਣੇ ॥
ਦਰਬਿ ਭਰੇ ਭੰਡਾਰ ਰੀਤੇ ਇਕਿ ਖਣੇ ॥
ਤਾਜੀ ਰਥ ਤੁਖਾਰ ਹਾਥੀ ਪਾਖਰੇ ॥
ਬਾਗ ਮਿਲਖ ਘਰ ਬਾਰ ਕਿਥੈ ਸਿ ਆਪਣੇ ॥
ਤੰਬੂ ਪਲੰਘਨਿਵਾਰ ਸਰਾਇਚੇ ਲਾਲਤੀ ॥
ਨਾਨਕ ਸਚ ਦਾਤਾਰੁ ਸਿਨਾਖਤੁ ਕੁਦਰਤੀ ॥

(ਗੁਰੂ ਗ੍ਰੰਥ ਸਾਹਿਬ, ਪੰਨਾ - 141)

ਇਨ੍ਹਾਂ ਪੰਗਤੀਆਂ ਵਿਚ ਕਿਸੇ ਵੀ ਸੰਸਾਰਕ ਪਾਤਸਾਹ ਦੀ ਥੋੜ੍ਹ-ਚਿਰੀ ਹਕੂਮਤ ਦੇ ਮੁਕਾਬਲੇ ਉੱਤੇ ਸੱਚੇ ਪਾਤਸ਼ਾਹ (ਪ੍ਰਭੂ) ਦੀ ਸਦੀਵੀ ਸਲਤਨਤ ਦਾ ਮਿਥਕ ਬਿੰਬ ਉਸਾਰਨ ਦੀ ਚੇਸ਼ਟਾ ਦ੍ਰਿਸ਼ਟੀਗੋਚਰ ਹੁੰਦੀ ਹੈ ਜੋ ਮਜ਼ਲੂਮ ਪਰਜਾ ਦੇ ਮਨ ਵਿਚ ਭੈ-ਮੁਕਤ ਹੋ ਕੇ ਜਿਉਣ ਦਾ ਸੁਪਨਾ ਜਗਾਉਂਦੀ ਹੈ।

ਸਮੁੱਚੇ ਤੌਰ ਤੇ ਆਖਿਆ ਜਾ ਸਕਦਾ ਹੈ ਕਿ ਗੁਰੂ ਗ੍ਰੰਥ ਸਾਹਿਬ ਮੱਧਕਾਲੀਨ ਭਾਰਤ ਦੀ ਅਜਿਹੀ ਗੌਰਵਮਈ ਵਿਰਾਸਤ ਹੈ ਜੋ ਸਭਿਆਚਾਰਕ ਕ੍ਰਾਂਤੀ ਅਤੇ ਮੁਕਤੀ ਦਾ ਸੰਦੇਸ਼ ਸੰਚਾਰਿਤ ਕਰਦੀ ਹੈ ਅਤੇ ਮਾਨਵਵਾਦੀ ਕਦਰਾਂ-ਕੀਮਤਾਂ ਨੂੰ ਸਮਰਪਿਤ ਨਵੇਂ ਸਮਾਜ ਦੀ ਸਾਜਨਾ ਕਰਨ ਵਲ ਰੁਚਿਤ ਹੁੰਦੀ ਹੈ। ਇਸੇ ਲਈ ਇਸ ਰਚਨਾ ਨੂੰ ਹੱਕੀ ਤੌਰ ਤੇ ਭਾਰਤੀ ਸਭਿਆਚਾਰਕ ਵਿਰਾਸਤ ਦਾ ਸ਼ਕਤੀਸ਼ਾਲੀ ਪ੍ਰਤੀਕ ਮੰਨਿਆਂ ਜਾ ਸਕਦਾ ਹੈ। ਇਸ ਵਿਚ ਰਾਸ਼ਟਰੀ ਏਕਤਾ ਅਤੇ ਇਕਮੁੱਠਤਾ ਦਾ ਵੀ ਅਜਿਹਾ ਜੀਵੰਤ ਅਤੇ ਕਿਰਿਆਸ਼ੀਲ ਮਾਡਲ ਛੁਪਿਆ ਹੋਇਆ ਹੈ ਜਿਹੜਾ ਧਰਮਾਂ, ਫਿਰਕਿਆਂ ਅਤੇ ਜਾਤ-ਬਰਾਦਰੀਆਂ ਵਿਚ ਵੰਡੇ ਭਾਈਚਾਰਿਆਂ ਨੂੰ ਸਾਂਝ ਅਤੇ ਸੁਮੇਲ ਦੇ ਸੂਤਰ ਵਿਚ ਪਰੋ ਸਕਦਾ ਹੈ।